**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ :30-08-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜਾਪਾਨ ਦੇ ਦੋ ਦਿਨਾਂ ਸਫਲ ਦੌਰੇ ਤੋਂ ਬਾਅਦ ਅੱਜ ਚੀਨ ਪਹੁੰਚ ਗਏ ਨੇ. ਚੀਨ ਵਿੱਚ, ਸ਼੍ਰੀ ਮੋਦੀ 25ਵੇਂ ਸ਼ੰਘਾਈ ਸਹਿਯੋਗ ਸੰਗਠਨ (SCO) ਸੰਮੇਲਨ ਵਿੱਚ ਹਿੱਸਾ ਲੈਣਗੇ।
- ਪ੍ਰਧਾਨ ਮੰਤਰੀ ਭਲਕੇ 31 ਅਗਸਤ ਨੂੰ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼- ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੰਜਾਬ ਦੇ ਕਈ ਹਿੱਸੇ ਲਗਾਤਾਰ ਹੜ੍ਹਾਂ ਦੀ ਮਾਰ ਹੇਠ ਬਣੇ ਹੋਏ ਨੇ. ਰਾਹਤ ਤੇ ਬਚਾਅ ਕਾਰਜ ਜੰਗੀ ਪਧਰ ‘ਤੇ ਜਾਰੀ . ਮੌਸਮ ਵਿਭਾਗ ਵਲੋਂ ਅਗਲੇ ਕੁਝ ਦਿਨਾਂ ਦੌਰਾਨ ਕਿਧਰੇ – ਕਿਧਰੇ ਭਾਰੀ ਮੀਂਹ ਦੀ ਚਿਤਾਵਨੀ.
- ਸ੍ਰੀ ਗੁਰੂ ਨਾਨਕ ਦੇਵ ਜੀ ਦਾ 538 ਵਾਂ ਵਿਆਹ ਪੁਰਬ ਪੂਰੀ ਧਾਰਮਿਕ ਸ਼ਰਧਾ ‘ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ .

- ਭਾਰਤ ਦੀ ਔਰਤਾਂ ਦੀ ਹਾਕੀ ਟੀਮ ਸ਼ੁੱਕਰਵਾਰ ਤੋਂ ਸ਼ੁਰੂ ਹੋ ਰਹੇ ਏਸ਼ੀਆ ਕੱਪ ਵਿੱਚ ਹਿੱਸਾ ਲੈਣ ਲਈ ਅੱਜ ਚੀਨ ਦੇ ਹਾਂਗਜ਼ੂ ਲਈ ਰਵਾਨਾ ਹੋ ਰਹੀ ਏ ।

------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜਾਪਾਨ ਦੇ ਦੋ ਦਿਨਾਂ ਸਫਲ ਦੌਰੇ ਤੋਂ ਬਾਅਦ ਅੱਜ ਚੀਨ ਪਹੁੰਚ ਗਏ ਨੇ. ਚੀਨ ਵਿੱਚ, ਸ਼੍ਰੀ ਮੋਦੀ 25ਵੇਂ ਸ਼ੰਘਾਈ ਸਹਿਯੋਗ ਸੰਗਠਨ (SCO) ਸੰਮੇਲਨ ਵਿੱਚ ਹਿੱਸਾ ਲੈਣਗੇ। ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਪ੍ਰਧਾਨ ਮੰਤਰੀ ਮੋਦੀ ਦੋ ਦਿਨਾਂ ਸੰਮੇਲਨ ਦੌਰਾਨ ਵਿਸ਼ਵ ਨੇਤਾਵਾਂ ਨਾਲ ਉੱਚ ਪੱਧਰੀ ਚਰਚਾਵਾਂ ਵਿੱਚ ਹਿੱਸਾ ਲੈਣਗੇ। ਸ਼ੰਘਾਈ ਸਹਿਯੋਗ ਸੰਗਠਨ  ਦਾ 25 ਵਾਂ ਸੰਮੇਲਨ ਤਿਆਨਜਿਨ ਵਿਖੇ ਹੋ ਰਿਹਾ ਏ. ਕੱਲ੍ਹ ਤੋਂ ਸ਼ੁਰੂ ਹੋ ਰਹੇ ਇਸ ਦੋ ਦਿਨਾਂ ਸੰਮੇਲਨ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਮੈਂਬਰ ਦੇਸ਼ਾਂ ਦੇ ਮੁਖੀਆਂ, ਨਿਰੀਖਕ ਦੇਸ਼ਾਂ ਅਤੇ ਭਾਈਵਾਲ ਸੰਗਠਨਾਂ ਦੇ ਨੇਤਾਵਾਂ ਨਾਲ ਇਲਾਕਾਈ ਸੁਰੱਖਿਆ, ਸੰਪਰਕ, ਨਿਰੰਤਰ ਰਹਿਣ ਯੋਗ ਵਿਕਾਸ ਅਤੇ ਵਿਸ਼ਵਵਿਆਪੀ ਸਹਿਯੋਗ ਵਰਗੇ ਵੱਖ-ਵੱਖ ਵਿਸ਼ਿਆਂ 'ਤੇ ਚਰਚਾ ਕਰਨਗੇ। ਇਸ ਫੋਰਮ ਵਿੱਚ ਭਾਰਤ ਦੀ ਸਰਗਰਮ ਹਿੱਸੇਦਾਰੀ ਬਹੁਪੱਖੀ ਸੰਵਾਦ ਅਤੇ ਸਾਂਝੇ ਵਿਕਾਸ ਨੂੰ ਮਜ਼ਬੂਤ ਕਰਨ ਲਈ ਭਾਰਤ ਦੀ ਵਚਨਬੱਧਤਾ ਨੂੰ ਉਜਾਗਰ ਕਰਦੀ ਏ ।

---------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 31 ਅਗਸਤ ਨੂੰ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼- ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦਾ 125 ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------

ਪੰਜਾਬ ਵਿੱਚ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਦੇ ਪਹਾੜੀ ਇਲਾਕਿਆਂ ਤੋਂ ਪਾਣੀ ਦੇ ਭਾਰੀ ਵਹਾਅ ਨੇ ਸੂਬੇ ਲਈ ਮੁਸੀਬਤ ਖੜ੍ਹੀ ਕਰ ਦਿੱਤੀ ਏ ਤੇ ਰਾਵੀ ਦਰਿਆ ਵਿੱਚ ਹੁਣ ਤੱਕ 14.11 ਲੱਖ ਕਿਊਸਿਕ ਪਾਣੀ ਆਇਆ ਏ, ਜਿਸ ਨਾਲ ਕਈ ਇਲਾਕੇ ਡੁੱਬ ਗਏ ਨੇ. ਇਹ, ਰਾਜ ‘ਚ ਆਇਆ

ਹੁਣ ਤੱਕ ਦਾ ਸਭ ਤੋਂ ਵੱਧ ਪਾਣੀ ਏ. ਸਾਲ 1988 ਵਿੱਚ, ਜਦੋਂ ਰਾਜ ਵਿੱਚ ਭਿਆਨਕ ਹੜ੍ਹ ਆਏ ਸਨ, ਤਾਂ 11.20 ਲੱਖ ਕਿਊਸਿਕ ਪਾਣੀ ਆਇਆ ਸੀ। ਪੌਂਗ ਅਤੇ ਹੋਰ ਡੈਮਾਂ ਵਿੱਚ ਪਾਣੀ ਦਾ ਵਾਧਾ, ਜਿਸਨੂੰ ਨਿਯੰਤਰਿਤ ਢੰਗ ਨਾਲ ਅੱਗੇ ਛਡਣਾ ਪੈਂਦਾ ਏ, ਚਿੰਤਾ ਦਾ ਵਿਸ਼ਾ ਏ. ਭਾਵੇਂ ਰਾਜ ਦੇ ਮਾਝਾ ਅਤੇ ਦੋਆਬਾ ਇਲਾਕਿਆਂ ਕੁਝ ਜ਼ਿਲ੍ਹਿਆਂ ਵਿੱਚ ਪਾਣੀ ਘੱਟ ਗਿਆ ਏ ਪਰ 7 ਜ਼ਿਲ੍ਹਿਆਂ ਦੇ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਲਈ ਮੁਸ਼ਕਿਲਾਂ ਬਣੀਆਂ ਹੋਈਆਂ ਨੇ. ਮੌਸਮ ਵਿਭਾਗ ਨੇ ਪੰਜਾਬ ਵਿੱਚ ਤਿੰਨ ਦਿਨਾਂ ਲਈ ਦੂਰ-ਦੁਰਾਡੇ ਦੀਆਂ ਥਾਵਾਂ 'ਤੇ ਭਾਰੀ ਤੋਂ ਬੇਹਦ ਭਾਰੀ ਬਾਰਿਸ਼ ਦੀ ਚੇਤਾਵਨੀ ਦਿੱਤੀ ਏ । ਇਸ ਦੌਰਾਨ ਪ੍ਰਸ਼ਾਸਨ ਵਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਪਿਛਲੇ 24 ਘੰਟਿਆਂ ਦੌਰਾਨ ਫਿਰੋਜ਼ਪੁਰ, ਗੁਰਦਾਸਪੁਰ, ਮੋਗਾ, ਤਰਨ ਤਾਰਨ, ਬਰਨਾਲਾ ਅਤੇ ਫਾਜ਼ਿਲਕਾ ਦੇ ਲੋਕਾਂ ਸਮੇਤ  ਕੁੱਲ 4 ਹਜ਼ਾਰ 711 ਲੋਕਾਂ ਨੂੰ ਬਾਹਰ ਕੱਢ ਕੇ ਸੁਰੱਖਿਅਤ ਥਾਵਾਂ ਉੱਤੇ ਪਹੁੰਚਾਇਆ ਗਿਆ ਏ । ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਬਣਾਏ ਕੁੱਲ 87 ਰਾਹਤ ਕੈਂਪਾਂ ਵਿੱਚੋਂ ਇਸ ਵੇਲੇ 77 ਪੂਰੀ ਤਰ੍ਹਾਂ ਚੱਲ ਰਹੇ ਨੇ ਜਿਥੇ ਕੁੱਲ 4 ਹਜ਼ਾਰ 729 ਲੋਕਾਂ ਨੇ ਸ਼ਰਣ ਲਈ ਹੋਈ ਏ. ਪ੍ਰਸ਼ਾਸ਼ਨ ਵਲੋਂ ਇਨ੍ਹਾਂ ਸਾਰੇ ਲੋਕਾਂ ਨੂੰ ਹਰ ਤਰ੍ਹਾਂ ਦੀ ਮਦਦ ਦਿੱਤੀ ਜਾ ਰਹੀ ਏ. ਰਾਹਤ ਤੇ ਬਚਾਅ ਕਾਰਜ ਜੰਗੀ ਪਧਰ ‘ਤੇ ਜਾਰੀ ਨੇ . ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਥਾਨਕ ਲੋਕਾਂ ਦੇ ਸਹਿਯੋਗ ਨਾਲ NDRF,

SDRF , ਪੰਜਾਬ ਪੁਲਿਸ ਅਤੇ ਫੌਜ ਵੱਲੋਂ ਸਰਗਰਮ ਭੂਮਿਕਾ ਨਿਭਾਈ ਜਾ ਰਹੀ ਏ। ਗੁਰਦਾਸਪੁਰ ਵਿੱਚ NDRF ਦੀਆਂ 7 ਟੀਮਾਂ, ਫਾਜ਼ਿਲਕਾ ਤੇ ਫਿਰੋਜ਼ਪੁਰ ਵਿੱਚ 1-1 ਟੀਮ ਅਤੇ ਪਠਾਨਕੋਟ ਵਿੱਚ 2 ਟੀਮਾਂ ਸਰਗਰਮ ਨੇ. ਇਸੇ ਤਰ੍ਹਾਂ ਕਪੂਰਥਲਾ ਵਿੱਚ SDRF ਦੀਆਂ 2 ਟੀਮਾਂ ਸਰਗਰਮ ਨੇ. ਕਪੂਰਥਲਾ, ਗੁਰਦਾਸਪੁਰ, ਫਿਰੋਜ਼ਪੁਰ ਅਤੇ ਪਠਾਨਕੋਟ ਵਿੱਚ ਫੌਜ, BSF ਅਤੇ ਹਵਾਈ ਫੌਜ ਵੀ ਰਾਹਤ ਤੇ ਬਚਾਅ ਕਾਰਜਾਂ ‘ਚ ਲਗੀ ਹੋਈ ਏ । ਸਾਰੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਿਵਿਲ ਪ੍ਰਸ਼ਾਸ਼ਨ ਦੇ ਨਾਲ ਨਾਲ ਪੁਲਿਸ ਵਲੋਂ ਲੋਕਾਂ ਦੀ ਪੂਰੀ ਮਦਦ ਕੀਤੀ ਜਾ ਰਹੀ ਏ. ਹੜ੍ਹਾਂ ਕਾਰਨ ਪੰਜਾਬ ਵਿੱਚ ਹੁਣ ਤੱਕ ਕਰੀਬ 1 ਹਜ਼ਾਰ 18 ਪਿੰਡ ਪ੍ਰਭਾਵਿਤ ਹੋਏ ਨੇ ਇਨ੍ਹਾਂ ਵਿੱਚ ਪਠਾਨਕੋਟ ਦੇ, ਫਾਜ਼ਿਲਕਾ ਦੇ, ਤਰਨ ਤਾਰਨ ਦੇ , ਸ੍ਰੀ ਮੁਕਤਸਰ ਸਾਹਿਬ ਦੇ, ਸੰਗਰੂਰ ਦੇ , ਫਿਰੋਜ਼ਪੁਰ ਦੇ, ਕਪੂਰਥਲਾ ਦੇ, ਗੁਰਦਾਸਪੁਰ ਦੇ, ਹੁਸ਼ਿਆਰਪੁਰ ਦੇ ਅਤੇ ਮੋਗਾ ਦੇ ਪਿੰਡ ਸ਼ਾਮਿਲ ਨੇ. ਹੜ੍ਹਾਂ ਕਰਕੇ ਪੰਜਾਬ ਨੂੰ ਭਾਰੀ ਮਾਲੀ ਨੁਕਸਾਨ ਵੀ ਝੱਲਣਾ ਪੈ ਰਿਹਾ ਏ. ਫਸਲਾਂ ਨੂੰ ਮਾਰ ਪਈ ਏ ਅਤੇ ਪਸ਼ੂ ਧਨ ਦਾ ਵੀ ਨੁਕਸਾਨ ਹੋਇਆ ਏ। ਜ਼ਿਲ੍ਹਾ ਸਦਰਮੁਕਾਮਾਂ ਤੋਂ ਪ੍ਰਾਪਤ ਹੋਈਆਂ ਖਬਰਾਂ ਮੁਤਾਬਿਕ ਫਾਜ਼ਿਲਕਾ ਜ਼ਿਲ੍ਹੇ ਵਿੱਚ 16 ਹਜ਼ਾਰ 632 ਹੈਕਟੇਅਰ ਜ਼ਮੀਨ ਹੜ੍ਹਾਂ ਦੀ ਮਾਰ ਹੇਠ ਆਈ ਏ। ਇਸ ਤੋਂ ਇਲਾਵਾ ਫਿਰੋਜ਼ਪੁਰ ਵਿੱਚ 10 ਹਜ਼ਾਰ 806 ਹੈਕਟੇਅਰ ਵਿੱਚ ਫਸਲ ਨੂੰ ਨੁਕਸਾਨ ਪੁੱਜਾ ਏ ।

ਕਪੂਰਥਲਾ ਵਿੱਚ 11 ਹਜ਼ਾਰ 620, ਪਠਾਨਕੋਟ ਵਿੱਚ 7 ਹਜ਼ਾਰ, ਤਰਨ ਤਾਰਨ ਵਿੱਚ 9 ਹਜ਼ਾਰ 928 ਅਤੇ ਹੁਸ਼ਿਆਰਪੁਰ ਵਿੱਚ 5 ਹਜ਼ਾਰ 287 ਹੈਕਟੇਅਰ ਵਿੱਚ ਫਸਲ ਨੂੰ ਨੁਕਸਾਨ ਹੋਇਆ ਏ | ਇਸ ਦੌਰਾਨ ਫਾਜ਼ਿਲਕਾ ‘ਚ ਸਰਹੱਦ ਨੇੜੇ ਬਣੇ ਕਾਵਾ ਵਾਲੀ ਪਤਨ ਪੁਲ ਨਾਲ ਜੁੜੇ ਕਰੀਬ 10 ਪਿੰਡਾਂ ਦਾ ਸੰਪਰਕ ਹਾਲਾਂ ਵੀ ਫਾਜ਼ਿਲਕਾ ਨਾਲ ਟੁੱਟਿਆ ਹੋਇਆ ਏ. ਜ਼ਿਲਾ ਪ੍ਰਸ਼ਾਸਨ ਲਗਾਤਾਰ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਰਾਹਤ ਸਮਗਰੀ ਤੇ ਪਸ਼ੂਆਂ ਨੂੰ ਫੀਡ ਉਪਲਬਧ ਕਰਾ ਰਿਹਾ ਏ. ਪੰਚਾਇਤ ਮੰਤਰੀ ਤਰੁਣਦੀਪ ਸਿੰਘ ਸੌਂਧ ਨੇ ਅੱਜ ਲਗਾਤਾਰ ਦੂਜੇ ਦਿਨ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਅਤੇ ਲੋਕਾਂ ਦਾ ਹਾਲ – ਚਾਲ ਜਾਣਿਆ.|ਉਧਰ ਗੁਰਦਾਸਪੁਰ ਜ਼ਿਲੇ ਵਿਚ ਧੂਸੀ ਬੰਨ ਵਿਚ 14 ਥਾਵਾਂ ‘ਤੇ ਪਾੜ ਪਏ ਸਨ ਅਤੇ 200 ਤੋਂ ਵਧ ਪਿੰਡ ਇਹਨਾਂ ਦੀ ਮਾਰ ਹੇਠ ਆ ਚੁਕੇ ਨੇ. ਪ੍ਰਸ਼ਾਸਨ ਵਲੋਂ ਲੋਕਾਂ ਨੂੰ ਪੂਰੀ ਮਦਦ ਦਿੱਤੀ ਜਾ ਰਹੀ ਏ. ਇਸ ਬਾਰੇ ਗੁਰਦਾਸਪੁਰ ਦੇ ADC ਹਰਜਿੰਦਰ ਸਿੰਘ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ

**byte**

ਰਮਦਾਸ ਇਲਾਕੇ ਵਿਚ ਰਾਵੀ ਦਰਿਆ ਦੇ ਪਾਣੀ ਨਾਲ ਘਿਰ ਚੁਕੇ ਘਰਾਂ ਵਿਚ ਲੋਕਾਂ ਤਕ ਪਹੁੰਚਣ ਲਈ ਡਰੋਨ ਦੀ ਮਦਦ ਲਈ ਜਾ ਰਹੀ ਏ.

ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਘਟਣ ਤੋਂ ਬਾਅਦ, ਸਰਹੱਦੀ ਪਿੰਡਾਂ ਵਿੱਚ ਹੜ੍ਹ ਦੀ ਸਥਿਤੀ ਹੌਲੀ-ਹੌਲੀ ਠੀਕ ਹੋਣੀ ਸ਼ੁਰੂ ਹੋ ਗਈ ਏ, ਹਾਲਾਂਕਿ ਹੜ੍ਹ ਦੇ ਪਾਣੀ ਤੋਂ ਬੀਮਾਰਿਆਂ ਦਾ ਖ਼ਤਰਾ ਵੀ ਜਤਾਇਆ ਜਾ ਰਿਹਾ ਏ। ਇਸ ਸਬੰਧੀ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅਜ ਪਠਾਨਕੋਟ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਸਰਹੱਦੀ ਇਲਾਕਿਆਂ ਦਾ ਦੌਰਾ ਕੀਤਾ ਅਤੇ ਹੜ੍ਹ ਦੇ ਪਾਣੀ ਤੋਂ ਹੋਣ ਵਾਲੀਆਂ ਬੀਮਾਰਿਆਂ ਦੀ ਸੰਭਾਵਨਾ ਦੇ ਮੱਦੇਨਜ਼ਰ ਤਿਆਰੀਆਂ ਦਾ ਜਾਇਜ਼ਾ ਲਿਆ। ਸਿਹਤ ਮੰਤਰੀ ਨੇ ਕਿਹਾ ਕਿ ਸਰਹੱਦੀ ਇਲਾਕਿਆਂ ਵਿੱਚ ਲੋਕਾਂ ਦੀ ਸਹੂਲਤ ਲਈ ਮੈਡੀਕਲ ਕੈਂਪ ਲਾਏ ਜਾ ਰਹੇ ਨੇ ਤਾਂ ਜੋ ਬਿਮਾਰੀਆਂ ਨੂੰ ਰੋਕਿਆ ਜਾ ਸਕੇ। ਹੜ੍ਹ ਕਾਰਣ ਪੈ ਰਹੇ ਮਾੜੇ ਪ੍ਰਭਾਵਾਂ ਬਾਰੇ ਦੱਸਦਿਆਂ ਓਹਨਾਂ ਕਿਹਾ -

**byte**

ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਅੱਜ ਪੌਂਗ ਡੈਮ ਅਤੇ ਮੁਕੇਰੀਆਂ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਮੁੱਖ ਸਕੱਤਰ ਨੇ ਪੌਂਗ ਡੈਮ ਦਾ ਨਿਰੀਖਣ ਕੀਤਾ ਅਤੇ ਸਪੱਸ਼ਟ ਨਿਰਦੇਸ਼ ਦਿੱਤੇ ਕਿ ਡੈਮ ਵਿੱਚ ਆਉਣ ਵਾਲੇ ਪਾਣੀ ਦੇ ਵਹਾਅ ਨੂੰ ਧਿਆਨ ਵਿੱਚ ਰੱਖਦੇ ਹੋਏ, ਡਿਸਚਾਰਜ ਤਕਨੀਕੀ ਮਾਪਦੰਡਾਂ ਦੇ ਅਧਾਰ 'ਤੇ ਕੀਤਾ ਜਾਵੇ, ਤਾਂ ਜੋ

ਹੇਠਲੇ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਮੁੱਖ ਸਕੱਤਰ ਸਿਨਹਾ ਨੇ ਮੁਕੇਰੀਆਂ ਸਬ-ਡਿਵੀਜ਼ਨ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਹਲੇਦ ਅਤੇ ਮੋਟਾਲਾ ਵਿਚਕਾਰ ਬਣੇ ਧੁੱਸੀ ਡੈਮ ਦਾ ਵੀ ਜਾਇਜ਼ਾ ਲਿਆ।

----------------------------------------------------

ਸ੍ਰੀ ਗੁਰੂ ਨਾਨਕ ਦੇਵ ਜੀ ਦੇ 538 ਵੇ ਵਿਆਹ ਪੁਰਬ ਮੌਕੇ ਅੱਜ ਵੱਡੀ ਤਾਦਾਦ ਵਿਚ ਸੰਗਤ ਬਟਾਲਾ ਦੇ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਅਤੇ ਸ੍ਰੀ ਕੰਧ ਸਾਹਿਬ ਵਿਖੇ ਨਤਮਸਤਕ ਹੋ ਰਹੀ ਏ। ਬੀਤੇ ਕਲ ਕਪੂਰਥਲਾ ਦੇ ਸੁਲਤਾਨਪੁਰ ਲੋਧੀ ਤੋਂ ਇਕ ਬਰਾਤ ਰੂਪੀ ਮਹਾਨ ਨਗਰ ਕੀਰਤਨ ਦੇਰ ਰਾਤ ਬਟਾਲਾ ਪਹੁੰਚਿਆ ਏ ਤੇ ਅੱਜ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਇਆ। ਇਹ ਨਗਰ ਕੀਰਤਨ ਬਟਾਲਾ ਦੇ ਬਾਜ਼ਾਰਾਂ ਚੋਂ ਹੁੰਦਾ ਹੋਇਆ ਦੇਰ ਸ਼ਾਮ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਸੰਪੂਰਨ ਹੋਵੇਗਾ।

-------------------------------------------------------

ਭਾਰਤ ਦੀ ਔਰਤਾਂ ਦੀ ਹਾਕੀ ਟੀਮ ਸ਼ੁੱਕਰਵਾਰ ਤੋਂ ਸ਼ੁਰੂ ਹੋ ਰਹੇ ਏਸ਼ੀਆ ਕੱਪ ਵਿੱਚ ਹਿੱਸਾ ਲੈਣ ਲਈ ਅੱਜ ਚੀਨ ਦੇ ਹਾਂਗਜ਼ੂ ਲਈ ਰਵਾਨਾ ਹੋ ਰਹੀ ਏ । ਕਪਤਾਨ ਸਲੀਮਾ ਟੇਟੇ ਦੀ ਅਗਵਾਈ ਵਾਲੀ 20 ਮੈਂਬਰੀ ਟੀਮ ਇਸ

ਟੂਰਨਾਮੈਂਟ ਨੂੰ ਜਿੱਤ ਕੇ ਅਗਲੇ ਸਾਲ ਹੋਣ ਵਾਲੇ ਹਾਕੀ ਵਿਸ਼ਵ ਕੱਪ ਵਿੱਚ ਆਪਣੀ ਥਾਂ ਪੱਕੀ ਕਰਨ ਦੀ ਕੋਸ਼ਿਸ਼ ਕਰੇਗੀ। ਭਾਰਤੀ ਟੀਮ 2004 ਅਤੇ 2017 ਵਿੱਚ ਦੋ ਵਾਰ ਔਰਤਾਂ ਦਾ ਹਾਕੀ ਏਸ਼ੀਆ ਕੱਪ ਜਿੱਤ ਚੁੱਕੀ ਏ।

---------------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜਾਪਾਨ ਦੇ ਦੋ ਦਿਨਾਂ ਸਫਲ ਦੌਰੇ ਤੋਂ ਬਾਅਦ ਅੱਜ ਚੀਨ ਪਹੁੰਚ ਗਏ ਨੇ. ਚੀਨ ਵਿੱਚ, ਸ੍ਰੀ ਮੋਦੀ 25ਵੇਂ ਸ਼ੰਘਾਈ ਸਹਿਯੋਗ ਸੰਗਠਨ (SCO) ਸੰਮੇਲਨ ਵਿੱਚ ਹਿੱਸਾ ਲੈਣਗੇ।
- ਪ੍ਰਧਾਨ ਮੰਤਰੀ ਭਲਕੇ 31 ਅਗਸਤ ਨੂੰ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼- ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੰਜਾਬ ਦੇ ਕਈ ਹਿੱਸੇ ਲਗਾਤਾਰ ਹੜ੍ਹਾਂ ਦੀ ਮਾਰ ਹੇਠ ਬਣੇ ਹੋਏ ਨੇ. ਰਾਹਤ ਤੇ ਬਚਾਅ ਕਾਰਜ ਜੰਗੀ ਪਧਰ ‘ਤੇ ਜਾਰੀ . ਮੌਸਮ ਵਿਭਾਗ ਵਲੋਂ ਅਗਲੇ ਕੁਝ ਦਿਨਾਂ ਦੌਰਾਨ ਕਿਧਰੇ – ਕਿਧਰੇ ਭਾਰੀ ਮੀਂਹ ਦੀ ਚਿਤਾਵਨੀ.
- ਸ੍ਰੀ ਗੁਰੂ ਨਾਨਕ ਦੇਵ ਜੀ ਦਾ 538 ਵਾਂ ਵਿਆਹ ਪੁਰਬ ਪੂਰੀ ਧਾਰਮਿਕ ਸ਼ਰਧਾ ‘ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ .

- ਭਾਰਤ ਦੀ ਔਰਤਾਂ ਦੀ ਹਾਕੀ ਟੀਮ ਸ਼ੁੱਕਰਵਾਰ ਤੋਂ ਸ਼ੁਰੂ ਹੋ ਰਹੇ ਏਸ਼ੀਆ ਕੱਪ ਵਿੱਚ ਹਿੱਸਾ ਲੈਣ ਲਈ ਅੱਜ ਚੀਨ ਦੇ ਹਾਂਗਜ਼ੂ ਲਈ ਰਵਾਨਾ ਹੋ ਰਹੀ ਏ।

ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ

ਖਬਰਾਂ ਦਾ ਅਗਲਾ ਰਾਸ਼ਟਰੀ  ਬੁਲੇਟਿਨ ਤੁਸੀਂ ਸੁਣੋਗੇ

ਸ਼ਾਮ ਸਾਢੇ 7 ਵਜੇ  . ਨਮਸ੍ਕਾਰ